# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 24-02-2025**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਮਹਿਲਾ ਅਮਨ ਦਲ , ਔਰਤਾਂ ਅਤੇ ਬੱਚਿਆਂ ਲਈ ਮਿਸਾਲ ਵਜੋਂ ਕੰਮ ਕਰ ਸਕਦਾ ਏ ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭੋਪਾਲ ਵਿੱਚ ਆਲਮੀ ਨਿਵੇਸ਼ਕ ਸਿਖਰ ਸੰਮੇਲਨ ਦਾ ਉਦਘਾਟਨ ਕੀਤਾ ਕਿਹਾ, ਦੁਨੀਆ, ਭਾਰਤ ਵੱਲ ਉਮੀਦ ਨਾਲ ਦੇਖ ਰਹੀ ਏ ।
- ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀਨੇ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਪੀ.ਐਮ. ਕਿਸਾਨ ਸਨਮਾਨ ਨਿਧੀ ਯੋਜਨਾ ਦੀ 19ਵੀਂ ਕਿਸ਼ਤ ਜਾਰੀ ਕਰਨ ਬਾਰੇ, ਅੰਮ੍ਰਿਤਸਰ ਵਿਖੇ ਪ੍ਰੋਗਰਾਮ ਵਿੱਚ ਕੀਤੀ ਸ਼ਿਰਕਤ ।

- ਭਾਰਤੀ ਹਵਾਈ ਸੈਨਾ ਨੇ MI-17V-ਹੈਲੀਕਾਪਟਰਾਂ ਲਈ ਵੀਕੇ-2500,2503 ਏਅਰੋ ਇੰਜਣਾਂ ਦਾ ਲੜੀਵਾਰ ਉਤਪਾਦਨ ਸ਼ੁਰੂ ਕੀਤਾ ।
- ਅੰਮ੍ਰਿਤਸਰ ਤੋਂ 110 ਹਿੰਦੂ ਤੀਰਥ ਯਾਤਰੀਆਂ ਦਾ ਜੱਥਾ ਪਾਕਿਸਤਾਨ 'ਚ ਕਟਾਸਰਾਜ ਦੀ ਯਾਤਰਾ ਲਈ  ਗੁਆਂਢੀ ਮੁਲਕ ਰਵਾਨਾ ।

---------------------------------------------------

ਗਲੋਬਲ ਸਾਊਥ ਦੀ ਮਹਿਲਾ ਅਮਨ ਦਲ ਲਈ ਕਾਨਫਰੰਸ ਵਿੱਚ ਹਿੱਸਾ ਲੈਣ ਵਾਲਿਆਂ ਦੇ ਇੱਕ ਸਮੂਹ ਨੇ ਅੱਜ ਨਵੀਂ ਦਿੱਲੀ ਵਿੱਚ ਰਾਸ਼ਟਰਪਤੀ ਭਵਨ ਵਿੱਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕੀਤੀ। ਪੇਸ਼ ਏ ਇਕ ਰਿਪੋਰਟ, ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦੇ ਹੋਏ, ਰਾਸ਼ਟਰਪਤੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਸ਼ਾਂਤੀ ਰੱਖਿਅਕ ਮਿਸ਼ਨ ਵਿਚ, ਔਰਤਾਂ ਦੀ ਮੌਜੂਦਗੀ ਇਸ ਨੂੰ ਵੱਖਰਾ ਅਤੇ ਸਮਾਵੇਸ਼ੀ ਬਣਾਉਂਦੀ ਏ । ਰਾਸ਼ਟਰਪਤੀ ਨੇ ਕਿਹਾ ਕਿ ਮਹਿਲਾ ਸ਼ਾਂਤੀ ਰੱਖਿਅਕਾਂ ਦੀ ਅਕਸਰ ਸਥਾਨਕ ਭਾਈਚਾਰਿਆਂ ਤੱਕ ਵਧੇਰੇ ਪਹੁੰਚ

ਹੁੰਦੀ ਏ ਅਤੇ ਉਹ, ਔਰਤਾਂ ਅਤੇ ਬੱਚਿਆਂ ਲਈ ਮਿਸਾਲ ਵਜੋਂ ਕੰਮ ਕਰ ਸਕਦੀਆਂ ਨੇ। ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਉਹ, ਲਿੰਗ-ਅਧਾਰਤ ਹਿੰਸਾ ਨੂੰ ਹੱਲ ਕਰਨ, ਵਿਸ਼ਵਾਸ ਪੈਦਾ ਕਰਨ ਅਤੇ ਗੱਲਬਾਤ ਨੂੰ ਉਤਸ਼ਾਹਿਤ ਕਰਨ ਲਈ ਬਿਹਤਰ ਢੰਗ ਨਾਲ ਕੰਮ ਕਰ ਸਕਦੇ ਨੇ । ਰਾਸ਼ਟਰਪਤੀ ਨੇ ਜ਼ਿਕਰ ਕੀਤਾ ਕਿ ਮਹਿਲਾ ਕਰਮਚਾਰੀਆਂ ਦੀ ਵੱਧ ਫੀਸਦੀ ਵਾਲੇ ਸ਼ਾਂਤੀ ਰੱਖਿਅਕ ਮਿਸ਼ਨ , ਹਿੰਸਾ ਨੂੰ ਘਟਾਉਣ ਅਤੇ ਲੰਬੇ ਸਮੇਂ ਤੱਕ ਚੱਲਣ ਵਾਲੇ ਸ਼ਾਂਤੀ ਸਮਝੌਤਿਆਂ ਨੂੰ ਪ੍ਰਾਪਤ ਕਰਨ ਵਿੱਚ ਵਧੇਰੇ ਪ੍ਰਭਾਵਸ਼ਾਲੀ ਰਹੇ ਨੇ। ਉਨ੍ਹਾਂ ਕਿਹਾ ਕਿ ਇਸ ਲਈ ਇਹ ਜ਼ਰੂਰੀ ਏ ਕਿ ਅਸੀਂ ਸੰਯੁਕਤ ਰਾਸ਼ਟਰ ਸ਼ਾਂਤੀ ਮਿਸ਼ਨਾਂ ਵਿੱਚ ਵੱਧ ਤੋਂ ਵੱਧ ਔਰਤਾਂ ਨੂੰ ਸ਼ਾਮਲ ਕਰੀਏ । ਮਹਿਲਾ ਸ਼ਾਂਤੀ ਅਮਨ ਦਲ "ਸ਼ਾਂਤੀ ਰੱਖਿਆ ਵਿੱਚ ਮਹਿਲਾਵਾਂਃ ਇੱਕ ਗਲੋਬਲ ਸਾਊਥ ਪਰਿਪੇਖ" ਵਿਸ਼ੇ 'ਤੇ ਇੱਕ ਸੰਮੇਲਨ ਵਿੱਚ ਹਿੱਸਾ ਲੈਣ ਲਈ ਨਵੀਂ ਦਿੱਲੀ ਵਿੱਚ ਨੇ। ਇਹ ਪ੍ਰੋਗਰਾਮ ਵਿਦੇਸ਼ ਮੰਤਰਾਲੇ ਦੁਆਰਾ ਰੱਖਿਆ ਮੰਤਰਾਲੇ ਅਤੇ ਸੰਯੁਕਤ ਰਾਸ਼ਟਰ ਸ਼ਾਂਤੀ

ਰੱਖਿਆ ਕੇਂਦਰ, ਨਵੀਂ ਦਿੱਲੀ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਜਾ ਰਿਹਾ ਏ ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਇਤਿਹਾਸ ਵਿੱਚ ਪਹਿਲੀ ਵਾਰ ਦੁਨੀਆ, ਭਾਰਤ ਵੱਲ ਉਮੀਦ ਨਾਲ ਦੇਖ ਰਹੀ ਏ । ਅੱਜ ਭੋਪਾਲ ਵਿੱਚ ਆਲਮੀ ਨਿਵੇਸ਼ਕ ਸਿਖਰ ਸੰਮੇਲਨ ਦਾ ਉਦਘਾਟਨ ਕਰਦੇ ਹੋਏ ਸ਼੍ਰੀ ਮੋਦੀ ਨੇ ਕਿਹਾ ਕਿ ਆਮ ਲੋਕਾਂ, ਅਰਥ-ਸ਼ਾਸਤਰੀਆਂ, ਸੰਸਥਾਨਾਂ ਅਤੇ ਕਈ ਦੇਸ਼ਾਂ ਨੂੰ ਭਾਰਤ ਤੋਂ ਉਮੀਦਾਂ ਨੇ । ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਵਿੱਚ ਵਿਸ਼ਵ ਦੇ ਇਸ ਵਿਸ਼ਵਾਸ ਨੇ ਸੂਬਿਆਂ ਦਾ ਵਿਸ਼ਵਾਸ ਵੀ ਵਧਾਇਆ ਏ । ਪ੍ਰਧਾਨ ਮੰਤਰੀ ਨੇ ਕਿਹਾ ਕਿ ਕਪੜਾ ਉਦਯੋਗ, ਸੈਰ ਸਪਾਟਾ ਅਤੇ ਤਕਨੋਲੋਜੀ ਵਿਕਸਿਤ ਭਾਰਤ ਵਿੱਚ ਸਭ ਤੋਂ ਮਹੱਤਵਪੂਰਨ ਖੇਤਰ ਨੇ ।

BYTE:

-------------------------------------------------------

ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀ ਨੇ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਪੀ.ਐਮ. ਕਿਸਾਨ ਸਨਮਾਨ  ਨਿਧੀ ਯੋਜਨਾ ਦੀ 19ਵੀਂ ਕਿਸ਼ਤ ਜਾਰੀ ਕਰਨ ਦੇ ਸਬੰਧ ਵਿੱਚ  ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਆਯੋਜਿਤ ਪ੍ਰੋਗਰਾਮ ਵਿੱਚ ਹਿੱਸਾ ਲਿਆ। ਉਹ ਕਈ ਕਿਸਾਨਾਂ ਅਤੇ ਪਤਵੰਤਿਆਂ ਨਾਲ ਇਸ ਪ੍ਰੋਗਰਾਮ ਵਿੱਚ ਜੁੜੇ। ਇਸ ਮੌਕੇ  ਸੰਬੋਧਨ ਕਰਦਿਆਂ ਕੇਂਦਰੀ ਮੰਤਰੀ ਹਰਦੀਪ ਸਿੰਘ ਨੇ ਕਿਹਾ ਕੇ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਕਿਸਾਨਾਂ ਦੀ ਭਲਾਈ ਏ। ਕਿਸਾਨ ਭਾਰਤ ਦੀ ਅਰਥਵਿਵਸਥਾ ਦੀ ਰੀੜ੍ਹ ਨੇ। ਉਹ ਸਾਡੀ ਧਰਤੀ ਦੇ ਰਖਵਾਲੇ ਅਤੇ ਸਾਡੀ ਭੋਜਨ ਸੁਰੱਖਿਆ ਦੇ ਸਰਪਰਸਤ ਨੇ।  ਕੇਂਦਰੀ ਮੰਤਰੀ ਨੇ ਕਿਹਾ ਦੇਸ਼ ਦੇ 11 ਕਰੋੜ ਤੋਂ ਵੱਧ ਕਿਸਾਨਾਂ ਨੂੰ 18 ਕਿਸ਼ਤਾਂ ਰਾਹੀਂ 3 ਲਖ 45 ਹਜ਼ਾਰ  ਕਰੋੜ ਰੁਪਏ ਵੰਡੇ ਜਾ ਚੁੱਕੇ ਨੇ। 19ਵੀਂ ਕਿਸ਼ਤ ਜਾਰੀ ਹੋਣ ਨਾਲ ਕਿਸਾਨਾਂ ਦੇ ਖਾਤਿਆਂ ਵਿੱਚ ਕੁੱਲ 3 ਲੱਖ 68 ਹਜ਼ਾਰ ਕਰੋੜ ਰੁਪਏ

ਪਹੁੰਚ ਜਾਣਗੇ  ਜਿਸ ਨਾਲ ਦੇਸ਼ ਭਰ ਵਿੱਚ 2 ਕਰੋੜ 41 ਲਖ  ਮਹਿਲਾ ਕਿਸਾਨਾਂ ਸਣੇ 9 ਕਰੋੜ 8 ਲਖ  ਤੋਂ ਵੱਧ ਕਿਸਾਨਾਂ ਨੂੰ ਫਾਇਦਾ ਹੋਵੇਗਾ। ਆਪਣੇ ਸੰਬੋਧਨ ਤੋਂ ਬਾਅਦ ਕੇਂਦਰੀ ਮੰਤਰੀ ਨੇ ਸਟੇਜ 'ਤੇ ਕਿਸਾਨਾਂ ਅਤੇ ਹੋਰ ਪਤਵੰਤਿਆਂ ਨੂੰ ਸਨਮਾਨਿਤ ਵੀ ਕੀਤਾ।  ਉਨ੍ਹਾਂ ਕਿਹਾ ਕੇ ਸਾਡੇ ਕਿਸਾਨ ਹੁਣ ਊਰਜਾ ਉਤਪਾਦਕ ਬਣ ਗਏ ਹਨ।  ਕੇਂਦਰ ਸਰਕਾਰ ਦੇਸ਼ ਭਰ ਵਿੱਚ ਐੱਥਨੋਲ ਬਲੈਂਡਿੰਗ ਨੂੰ ਵਧਾਉਣ ਲਈ ਲਗਾਤਾਰ ਕੋਸ਼ਿਸ਼ਾਂ ਕਰ ਰਹੀ ਏ , ਜਿਸ ਨਾਲ ਕਿਸਾਨਾਂ ਨੂੰ ਫਾਇਦਾ ਹੋਵੇਗਾ। BYTE:RNU240225C ਯੂਨਿਵਰਸਿਟੀ ਚ  ਇਸ ਸਮਾਗਮ ਚ ਸ਼ਮੂਲੀਅਤ ਕਰਨ ਉਪਰੰਤ ਕੇਂਦਰੀ ਮੰਤਰੀ ਹਰਦੀਪ ਸਿੰਘ ਪੁਰੀ ਨੇ, ਸਚਖੰਡ ਸ੍ਰੀ ਹਰਿਮੰਦਰ ਸਾਹਿਬ  ਵਿਖੇ ਨਤਮਸਤਕ ਹੋ ਕੇ ਸਰਬਤ ਦੇ ਭਲੇ ਦੇ ਅਰਦਾਸ ਵੀ ਕੀਤੀ

-----------------------------------------------------

ਪ੍ਰਧਾਨ ਮੰਤਰੀ ਨੇ ਕਿਸਾਨਾਂ ਲਈ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਦੀ 6ਵੀਂ ਵਰ੍ਹੇਗੰਢ 'ਤੇ ਦੇਸ਼ ਭਰ ਦੇ ਸਾਰੇ ਕਿਸਾਨਾਂ ਨੂੰ

ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਜ਼ੋਰ ਦੇ ਕੇ ਕਿਹਾ ਕਿ ਇਸ ਯੋਜਨਾ ਤਹਿਤ, ਹੁਣ ਤੱਕ ਲਗਭਗ ਤਿੰਨ ਲੱਖ ਪੰਜਾਹ ਹਜ਼ਾਰ ਕਰੋੜ ਰੁਪਏ ਕਿਸਾਨਾਂ ਦੇ ਖਾਤਿਆਂ ਵਿੱਚ ਪਹੁੰਚ ਚੁੱਕੇ ਹਨ। ਉਨ੍ਹਾਂ ਕਿਹਾ ਕਿ ਇਹ ਪਹਿਲ ਦੇਸ਼ ਦੇ ਕਿਸਾਨਾਂ ਨੂੰ ਸਨਮਾਨ, ਖੁਸ਼ਹਾਲੀ ਅਤੇ ਨਵੀਂ ਤਾਕਤ ਦੇ ਰਹੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਉਨ੍ਹਾਂ ਦੀ ਸਰਕਾਰ ਦੇ ਯਤਨਾਂ ਸਦਕਾ, ਦੇਸ਼ ਵਿੱਚ ਖੇਤੀਬਾੜੀ ਖੇਤਰ ਦਾ ਤੇਜ਼ੀ ਨਾਲ ਵਿਕਾਸ ਹੋਇਆ ਏ।

---

ਪੰਜਾਬ ਵਿਚ, 16ਵੀਂ ਵਿਧਾਨ ਸਭਾ ਦਾ ਦੋ-ਰੋਜ਼ਾ 7ਵਾਂ ਇਜਲਾਸ ਅੱਜ ਚੰਡੀਗੜ੍ਹ ਵਿਖੇ ਸ਼ੁਰੂ ਹੋਇਆ। ਇਜਲਾਸ ਦੇ ਪਹਿਲੇ ਦਿਨ, ਸਦਨ ਨੇ ਹਾਲ ਹੀ ਵਿਚ ਵਿਛੜੀਆਂ ਪ੍ਰਮੁੱਖ ਸ਼ਖਸੀਅਤਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਪੀਕਰ ਕੁਲਤਾਰ ਸਿੰਘ ਸੰਧਵਾਂ ਵਲੋਂ ਸਦਨ ਨੂੰ ਦੁਪਹਿਰ 12.30 ਵਜੇ ਤੱਕ ਮੁਲਤਵੀ ਕਰਨ ਤੋਂ ਪਹਿਲਾਂ ਦੋ ਮਿੰਟ ਦਾ ਮੌਨ ਵੀ ਰੱਖਿਆ ਗਿਆ। ਇਜਲਾਸ ਮੁੜ ਸ਼ੁਰੂ ਹੋਣ ਤੋਂ ਬਾਅਦ ਪੰਜਾਬ ਵਿੱਚ

ਕੋਰੋਨਾ ਕਾਲ ਦੌਰਾਨ ਲਗਾਏ ਗਏ ਆਕਸੀਜਨ ਪਲਾਂਟਾਂ ਦੇ ਮੁੱਦੇ 'ਤੇ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਪ੍ਰਸ਼ਨ ਕਾਲ ਦੌਰਾਨ ਆਮ ਆਦਮੀ ਪਾਰਟੀ ਸਰਕਾਰ ਨਾਲ ਗੁਰਦਾਸਪੁਰ ਵਿੱਚ ਲਗਾਏ ਗਏ ਆਕਸੀਜਨ ਪਲਾਂਟ ਦਾ ਮੁੱਦਾ ਚੁੱਕਿਆ , ਜਿਸ ਲਈ ਉਨ੍ਹਾਂ ਨੇ ਸੰਸਦ ਮੈਂਬਰ ਹੁੰਦਿਆਂ ਇਕ ਕਰੋੜ ਰੁਪਏ ਤੋਂ ਵੱਧ ਦੀ ਰਕਮ ਦਿੱਤੀ ਸੀ। ਜਦੋਂ ਸ੍ਰੀ ਬਾਜਵਾ ਨੇ ਇਹ ਮੁੱਦਾ ਚੁੱਕਿਆ ਤਾਂ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵੀ ਫਰੀਦਕੋਟ ਹਸਪਤਾਲ ਵਿੱਚ ਲਗਾਏ ਗਏ ਆਕਸੀਜਨ ਪਲਾਂਟ ਦੇ ਬੰਦ ਹੋਣ ਬਾਰੇ ਗੱਲ ਕੀਤੀ। ਇਸ ਦੇ ਜਵਾਬ ਵਿੱਚ ਸਿਹਤ ਮੰਤਰੀ ਬਲਬੀਰ ਸਿੰਘ ਨੇ ਕਿਹਾ ਕਿ ਸੂਬੇ ਵਿੱਚ 41 ਆਕਸੀਜਨ ਪਲਾਂਟ ਬੰਦ ਪਏ ਨੇ। ਉਨ੍ਹਾਂ ਦੱਸਿਆ ਕਿ ਹੁਣ ਸਰਕਾਰ ਤਰਲ ਆਕਸੀਜਨ ਦੀ ਸਪਲਾਈ ਵੱਲ ਧਿਆਨ ਦੇਵੇਗੀ । ਪੰਜਾਬ ਵਿਧਾਨ ਸਭਾ ਵਿੱਚ ਵਿਧਾਇਕ ਅਮਰੀਕ ਸਿੰਘ ਪਠਾਨ ਮਾਜਰਾ ਨੇ ਸਰਕਾਰੀ ਸਕੂਲਾਂ ਨੂੰ ਮੁਫ਼ਤ ਬਿਜਲੀ ਦੇਣ ਦਾ ਮੁੱਦਾ ਚੁੱਕਿਆ। ਬਿਜਲੀ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਕਿਹਾ ਕਿ ਸਕੂਲਾਂ ਨੂੰ ਮੁਫ਼ਤ ਬਿਜਲੀ ਦੇਣ ਦੀ ਕੋਈ ਯੋਜਨਾ ਨਹੀਂ ਏ। ਦੂਜੇ

ਪਾਸੇ ਇੱਕ ਸਵਾਲ ਦੇ ਜਵਾਬ ਵਿੱਚ ਨਵੀਂ ਅਤੇ ਨਵਿਆਉਣਯੋਗ ਊਰਜਾ ਬਾਰੇ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਸੂਬਾ ਸਰਕਾਰ ਨੇ ਹੁਣ ਤੱਕ 4 ਹਜ਼ਾਰ 200 ਸਕੂਲਾਂ ਵਿੱਚ ਸੋਲਰ ਪਲਾਂਟ ਲਗਾਏ ਨੇ , ਜਦਕਿ 2 ਹਜ਼ਾਰ 400 ਸਕੂਲਾਂ ਵਿੱਚ ਕੰਮ ਚੱਲ ਰਿਹਾ ਏ । ਉਨ੍ਹਾਂ ਕਿਹਾ ਕਿ ਸੂਬੇ ਵਿੱਚ 19 ਹਜ਼ਾਰ 110 ਸਕੂਲਾਂ ਸਮੇਤ ਕੁੱਲ 53 ਹਜ਼ਾਰ ਇਮਾਰਤਾਂ ਨੂੰ ਅਕਸ਼ੇ ਊਰਜਾ ਰਾਹੀਂ ਬਿਜਲੀ ਮੁਹੱਈਆ ਕਰਵਾਈ ਜਾ ਰਹੀ ਏ । ਲੋਕਾਂ ਨੂੰ ਕਿਸੇ ਤਰ੍ਹਾਂ ਦੀ ਸਮੱਸਿਆ ਦਾ ਸਾਹਮਣਾ ਨਹੀਂ ਕਰਨਾ ਪਵੇਗਾ । ਉਨ੍ਹਾਂ ਭਰੋਸਾ ਜਤਾਇਆ ਕਿ 2 ਸਾਲਾਂ ਵਿੱਚ ਸਾਰੇ ਸਕੂਲ ਸੂਰਜੀ ਊਰਜਾ ਨਾਲ ਰੌਸ਼ਨ ਹੋਣਗੇ ।

ਪ੍ਰਸ਼ਨ ਕਾਲ ਤੇ ਸਿਫ਼ਰ ਕਾਲ ਦੌਰਾਨ ਵਿਧਾਇਕਾਂ ਵੱਲੋਂ ਪੰਜਾਬ ਦੇ ਵੱਖ ਵੱਖ ਮੁੱਦਿਆਂ ਨੂੰ ਚੁੱਕਿਆ ਗਿਆ। ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਤੇ ਕੈਬਨਿਟ ਮੰਤਰੀ ਡਾ.ਰਵਜੋਤ ਸਿੰਘ ਨੇ ਪੰਜਾਬ ਵਿਧਾਨ ਸਭਾ ਵਿਚ ਦੋ ਰਿਪੋਰਟਾਂ ਵੀ ਪੇਸ਼ ਕੀਤੀਆਂ । ਇਸ ਮਗਰੋਂ ਸਦਨ ਦੀ ਕਾਰਵਾਈ ਮੰਗਲਵਾਰ ਸਵੇੇਰੇ 11 ਵਜੇ ਤੱਕ ਲਈ ਮੁਲਤਵੀ ਕਰ ਦਿੱਤੀ ਗਈ।

---------------------------------------------------

ਅੰਮ੍ਰਿਤਸਰ ਤੋਂ 110 ਹਿੰਦੂ ਤੀਰਥ ਯਾਤਰੀਆਂ ਦਾ ਜੱਥਾ ਪਾਕਿਸਤਾਨ 'ਚ ਕਟਾਸਰਾਜ ਦੀ ਯਾਤਰਾ ਲਈ ਅਟਾਰੀ ਵਾਹਗਾ ਸਰਹੱਦ ਰਾਹੀਂ ਗੁਆਂਢੀ ਮੁਲਕ ਰਵਾਨਾ ਹੋਇਆ । ਵੱਖ-ਵੱਖ ਸੂਬਿਆਂ ਤੋਂ ਪਹੁੰਚੇ ਸ਼ਰਧਾਲੂ ਦੁਰਗਿਆਣਾ ਤੀਰਥ ਵਿਖੇ ਇਕੱਠੇ ਹੋਏ ਜਿੱਥੇ ਦੁਰਗਿਆਣਾ ਤੀਰਥ ਕਮੇਟੀ ਦੇ ਪ੍ਰਬੰਧਕਾਂ ਵਲੋਂ ਇਨਾਂ ਹਿੰਦੂ ਤੀਰਥ ਯਾਤਰੀਆਂ ਦਾ ਨਿੱਘਾ ਸਵਾਗਤ ਕੀਤਾ ਗਿਆ । ਪ੍ਰੋਟੋਕਾਲ ਅਧਿਕਾਰੀ ਅਰੁਣਪਾਲ ਸਿੰਘ ਨੇ ਦਸਿਆ ਕਿ 110 ਹਿੰਦੂ ਸ਼ਰਧਾਲੂ ਪਾਕਿਸਤਾਨ ਜਾ ਰਹੇ ਨੇ । ਇਸ ਮੌਕੇ ਜੱਥੇ ਦੇ ਆਗੂਆਂ ਨੇ ਗੁਰਧਾਮਾਂ ਦੇ ਦਰਸ਼ਨ ਲਈ ਪਾਕਿਸਤਾਨ ਜਾਣ ਮੌਕੇ ਖੁਸ਼ੀ ਦਾ ਇਜ਼ਹਾਰ ਕੀਤਾ ।

---------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਅੰਮ੍ਰਿਤਸਰ ਸਥਿਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਬਾਬਾ ਮੱਖਣ ਸ਼ਾਹ ਲੁਬਾਣਾ ਅਤੇ ਭਾਈ ਲੱਖੀ ਸ਼ਾਹ ਵਣਜਾਰਾ ਦੀ ਯਾਦ ਵਿਚ ਗੁਰਮਤਿ ਸਮਾਗਮ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ

ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸਰੂਪ ਸਿੰਘ ਦੇ ਜਥੇ ਵੱਲੋਂ ਗੁਰਬਾਣੀ ਕੀਰਤਨ ਕੀਤਾ । ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ। ਗਿਆਨੀ ਸੁਲਤਾਨ ਸਿੰਘ ਨੇ ਸੰਗਤ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੇ ਅਨਿੰਨ ਸਿੱਖ ਬਾਬਾ ਮੱਖਣ ਸ਼ਾਹ ਲੁਬਾਣਾ ਅਤੇ ਭਾਈ ਲੱਖੀ ਸ਼ਾਹ ਵਣਜਾਰਾ ਦਾ ਸਿੱਖ ਇਤਿਹਾਸ ਅੰਦਰ ਅਹਿਮ ਸਥਾਨ ਏ , ਜਿਸ ’ਤੇ ਸਿੱਖ ਕੌਮ ਹਮੇਸ਼ਾਂ ਮਾਣ ਮਹਿਸੂਸ ਕਰਦੀ ਏ। ਉਨ੍ਹਾਂ ਕਿਹਾ ਕਿ ਸਾਨੂੰ ਬਾਬਾ ਮੱਖਣ ਸ਼ਾਹ ਤੇ ਭਾਈ ਲੱਖੀ ਸ਼ਾਹ ਦੇ ਜੀਵਨ ਤੋਂ ਪ੍ਰੇਰਣਾ ਲੈਂਦਿਆਂ ਗੁਰਸਿੱਖੀ ਮਾਰਗ ’ਤੇ ਚੱਲਣਾ ਚਾਹੀਦਾ ਏ।

----------------------------------------------------

ਰੂਪਨਗਰ ਜ਼ਿਲ੍ਹੇ ਅੰਦਰ ਅੱਜ ਤੋਂ ਪਹਿਲੀ ਮਾਰਚ ਤੱਕ ਚਲਾਏ ਜਾਣ ਵਾਲੇ ਵਿਸ਼ੇਸ਼ ਟੀਕਾਕਰਨ ਹਫਤੇ ਦੀ ਸ਼ੁਰੂਆਤ ਕੀਤੀ ਗਈ । ਸਿਵਲ ਸਰਜਨ ਰੂਪਨਗਰ ਡਾਕਟਰ ਤਰਸੇਮ ਸਿੰਘ ਨੇ ਦੱਸਿਆ ਕਿ ਇਸ ਦੌਰਾਨ ਗਰਭਵਤੀ ਮਹਿਲਾਵਾਂ ਅਤੇ ਪੰਜ ਸਾਲ ਤੱਕ ਦੇ ਬੱਚਿਆਂ

ਅਤੇ ਦਾ ਟੀਕਾਕਰਨ ਕੀਤਾ ਜਾਵੇਗਾ। ਇਸ ਦੌਰਾਨ ਝੁੱਗੀ ਝੋਪੜੀਆਂ, ,ਬਸਤੀਆਂ, ਭੱਠਿਆਂ, ਜ਼ੋਖਮ ਵਾਲੇ ਖੇਤਰਾਂ ਵਿਚ ਰਹਿੰਦੇ ਬੱਚਿਆਂ ਨੂੰ ਟੀਕਾ ਲਾਇਆ ਜਾਵੇਗਾ। ਉਨ੍ਹਾ ਦੱਸਿਆ ਕਿ ਇਸ ਵੀਕ ਦਾ ਮੁੱਖ ਮੰਤਵ ਕਿਸੇ ਵੀ ਕਾਰਨਾਂ ਕਰਕੇ ਟੀਕਾਕਰਨ ਤੋਂ ਵਾਂਝੇ ਰਹਿ ਗਏ ਬੱਚਿਆਂ ਅਤੇ ਗਰਭਵਤੀ ਮਹਿਲਾਵਾਂ ਦੇ ਟੀਕਾਕਰਨ ਨੂੰ ਸੰਪੂਰਨ ਕਰਨਾ ਏ। ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਅਮਰਜੀਤ ਸਿੰਘ ਨੇ ਦੱਸਿਆ ਕਿ ਇਸ ਸਬੰਧੀ ਜਰੂਰੀ ਇੰਤਜ਼ਾਮ ਕਰ ਲਏ ਗਏ ਹਨ ਅਤੇ ਇਸ ਕੰਮ ਲਈ 60 ਕੈਂਪ ਲਗਾਏ ਜਾਣਗੇ।

---------------------------------------------------

ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਰਾਸ਼ਟਰਪਤੀ ਦ੍ਰੋਪਦੀ ਮੁਰਮੁ ਨੇ ਕਿਹਾ ਕਿ ਮਹਿਲਾ ਅਮਨ ਦਲ , ਔਰਤਾਂ ਅਤੇ ਬੱਚਿਆਂ ਲਈ ਮਿਸਾਲ ਵਜੋਂ ਕੰਮ ਕਰ ਸਕਦਾ ਏ।

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਭੋਪਾਲ ਵਿੱਚ ਆਲਮੀ ਨਿਵੇਸ਼ਕ ਸਿਖਰ ਸੰਮੇਲਨ ਦਾ ਉਦਘਾਟਨ ਕੀਤਾ ਕਿਹਾ, ਦੁਨੀਆ, ਭਾਰਤ ਵੱਲ ਉਮੀਦ ਨਾਲ ਦੇਖ ਰਹੀ ਏ ।
- ਕੇਂਦਰੀ ਪੈਟਰੋਲੀਅਮ ਅਤੇ ਕੁਦਰਤੀ ਗੈਸ ਮੰਤਰੀ ਹਰਦੀਪ ਸਿੰਘ ਪੁਰੀਨੇ ਅੱਜ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਪੀ.ਐਮ. ਕਿਸਾਨ ਸਨਮਾਨ ਨਿਧੀ ਯੋਜਨਾ ਦੀ 19ਵੀਂ ਕਿਸ਼ਤ ਜਾਰੀ ਕਰਨ ਬਾਰੇ, ਅੰਮ੍ਰਿਤਸਰ ਵਿਖੇ ਪ੍ਰੋਗਰਾਮ ਵਿੱਚ ਕੀਤੀ ਸ਼ਿਰਕਤ ।
- ਭਾਰਤੀ ਹਵਾਈ ਸੈਨਾ ਨੇ MI-17V ਹੈਲੀਕਾਪਟਰਾਂ ਲਈ ਵੀਕੇ-2500,2503 ਏਅਰੋ ਇੰਜਣਾਂ ਦਾ ਲੜੀਵਾਰ ਉਤਪਾਦਨ ਸ਼ੁਰੂ ਕੀਤਾ ।
- ਅੰਮ੍ਰਿਤਸਰ ਤੋਂ 110 ਹਿੰਦੂ ਤੀਰਥ ਯਾਤਰੀਆਂ ਦਾ ਜੱਥਾ ਪਾਕਿਸਤਾਨ 'ਚ ਕਟਾਸਰਾਜ ਦੀ ਯਾਤਰਾ ਲਈ ਗੁਆਂਢੀ ਮੁਲਕ ਰਵਾਨਾ ।